ਸ਼੍ਰੇਣੀ- ਛੇਵੀਂ
ਪੰਜਾਬੀ (ਦੂਜੀ ਭਾਸ਼ਾ)
ਉਦੇਸ਼

1. ਪੜ੍ਹਾਈ
   (1) ਵਿਦਿਆਰਥੀ ਪੜ੍ਹਨ-ਸਮਗਰੀ ਨੂੰ ਬੋਲ ਕੇ ਅਤੇ ਚੁੱਪ-ਚਾਪ ਪੜ੍ਹ ਸਕੇ।
   (2) ਉਹ ਵਿਸ਼ਰਾਮ ਚਿੰਨ੍ਹਾਂ ਅਨੁਸਾਰ ਅਤੇ ਸਹੀ ਉਚਾਰਨ ਨਾਲ਼ ਪੜ੍ਹ ਸਕੇ।
   (3) ਉਹ ਛਪੀ ਸਮਗਰੀ ਤੋਂ ਇਲਾਵਾ ਹੱਥ-ਲਿਖਤ ਵੀ ਪੜ੍ਹ ਸਕੇ।
   (4) ਉਹ ਹਿੰਦੀ ਤੇ ਪੰਜਾਬੀ ਦੀਆਂ ਧੁਨੀਆਂ ਵਿੱਚ ਨਿਖੇੜਾ ਕਰ ਸਕੇ।
   (5) ਉਹ ਲੋੜ ਪੈਣ 'ਤੇ ਪਾਠ-ਪੁਸਤਕ ਤੋਂ ਬਿਨਾਂ ਕਿਸੇ ਹੋਰ ਲਿਖਤ ਅਰਥਾਤ ਕਵਿਤਾ, ਕਹਾਣੀ, ਵਾਰਤਾ, ਸੂਚਨਾ ਆਦਿ ਨੂੰ ਠਰ੍ਹੰਮੇ ਤੇ ਵਹਾਅ ਨਾਲ਼ ਪੜ੍ਹ ਕੇ ਸੁਣਾ ਸਕੇ।

2 (ੳ) ਗ੍ਰਹਿਣ ਕਰਨਾ (ਪੜ੍ਹ ਕੇ)
   (1) ਵਿਦਿਆਰਥੀ ਪਾਠ-ਪੁਸਤਕਾਂ ਵਿੱਚੋਂ ਕਿਸੇ ਪਾਠ ਨੂੰ ਪੜ੍ਹ ਕੇ ਉਸ ਦਾ ਸਾਰ ਦੱਸ ਸਕੇ।
   (2) ਉਹ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਗਏ ਸਵਾਲਾਂ ਦਾ ਉੱਤਰ ਦੱਸ ਸਕੇ।

   (ਅ) ਗ੍ਰਹਿਣ ਕਰਨਾ (ਸੁਣ ਕੇ)
   (1) ਵਿਦਿਆਰਥੀ ਦੂਜਿਆਂ ਦੇ ਵਿਚਾਰਾਂ ਨੂੰ ਸੁਣ ਕੇ ਸਮਝ ਕੇ।
   (2) ਉਹ ਬੋਲਣ ਵਾਲ਼ੇ ਦੇ ਸ਼ਬਦਾਂ ਵਿੱਚ ਲੁਕੇ ਵਿਅੰਗ ਆਦਿ ਨੂੰ ਸਮਝ ਅਤੇ ਸਲਾਹ ਸਕੇ।
   (3) ਉਹ ਕਹਾਣੀਆਂ, ਚੁਟਕਲੇ, ਕਵਿਤਾਵਾਂ ਅਤੇ ਗੀਤਾਂ ਆਦਿ ਨੂੰ ਸੁਣ ਕੇ ਸਲਾਹ ਸਕੇ।

3 ਪ੍ਰਗਟਾਅ
   (ੳ) ਮੌਖਿਕ ਪ੍ਰਗਟਾਅ
   (1) ਵਿਦਿਆਰਥੀ ਆਪਣੇ ਵਿਚਾਰਾਂ ਨੂੰ ਸਰਲਤਾ ਅਤੇ ਰਵਾਨੀ ਨਾਲ਼ ਪ੍ਰਗਟ ਕਰ ਸਕੇ।
   (2) ਉਹ ਆਪਣੇ ਆਲ਼ੇ-ਦੁਆਲ਼ੇ ਦੇ ਲੋਕਾਂ ਨਾਲ਼ ਗੱਲ-ਬਾਤ ਕਰ ਸਕੇ।
   (3) ਉਹ ਕਿਸੇ ਜਾਣੀ-ਪਛਾਣੀ ਵਸਤੂ, ਥਾਂ ਜਾਂ ਵਿਸ਼ੇ ਬਾਰੇ ਆਪਣੇ ਵਿਚਾਰ ਪ੍ਰਗਟ ਕਰ ਸਕੇ।

   (ਅ) ਲਿਖਤੀ ਪ੍ਰਗਟਾਅ
   (1) ਵਿਦਿਆਰਥੀ ਗੁਰਮੁਖੀ ਲਿਪੀ ਦੇ ਅੱਖਰਾਂ ਨੂੰ ਸੋਹਣਾ ਕਰਕੇ ਲਿਖ ਸਕੇ।
   (2) ਉਹ ਗੁਰਮੁਖੀ ਦੇ ਸ਼ਬਦ-ਜੋੜਾਂ ਨੂੰ ਦੇਵਨਾਗਰੀ ਦੇ ਸ਼ਬਦ-ਜੋੜਾਂ ਤੋਂ ਨਿਖੇੜ ਕੇ ਲਿਖ ਸਕੇ।
   (3) ਉਹ ਪਾਠ-ਪੁਸਤਕ ਵਿੱਚੋਂ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਸਵਾਲਾਂ ਦੇ ਜਵਾਬ ਲਿਖ ਸਕੇ।
   (4) ਉਹ ਆਪਣੇ ਆਲ਼ੇ-ਦੁਆਲ਼ੇ ਦੀਆਂ ਲੋੜਾਂ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।
   (5) ਉਹ ਨਿੱਤ ਦੇ ਜੀਵਨ ਦੀ ਲੋੜ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।
   (6) ਆਪਣੀ ਕਿਸੇ ਸਹੇਲੀ/ਮਿੱਤਰ ਤੇ ਸਾਕ ਸੰਬੰਧੀ ਨੂੰ ਚਿੱਠੀ ਆਦਿ ਲਿਖ ਸਕੇ।

ਮਿਡਲ ਸ਼੍ਰੇਣੀ ਵਿੱਚ ਪੰਜਾਬੀ (ਦੂਜੀ ਭਾਸ਼ਾ) ਦੀ ਲਿਖਣ ਸਮਗਰੀ ਵਿਸ਼ਾ-ਵਸਤੂ ਦੇ ਰੂਪ ਹੇਠ ਲਿਖੇ ਹੋਣਗੇ: ਲੇਖ, ਚਿੱਠੀ/ਬਿਨੈ-ਪੱਤਰ, ਕਹਾਣੀ, ਕਵਿਤਾ, ਸਫ਼ਰ, ਘਟਨਾ ਜਾਂ ਦ੍ਰਿਸ਼-ਵਰਨਣ, ਪ੍ਰਸ਼ਨਾਂ ਦੇ ਉੱਤਰ, ਰੋਜ਼ਾਨਾ ਡਾਇਰੀ ਆਦਿ।

ਲਿਖਣ ਸਮਗਰੀ

ਨਿਬੰਧ : ਕੁਝ ਜਾਣੇ-ਪਛਾਣੇ ਵਿਸ਼ਿਆਂ ਉੱਤੇ ਨਿਬੰਧ ਲਿਖਾਏ ਜਾਣਗੇ ਜਿਵੇਂ ਮੇਰਾ ਪਿੰਡ ਜਾਂ ਸ਼ਹਿਰ, ਕੋਈ ਸਥਾਨ, ਜੀਵਨੀ। ਸਾਲ ਵਿੱਚ ਲਗ-ਪਗ 10 ਨਿਬੰਧ ਲਿਖਵਾਉਣ ਦਾ ਅਭਿਆਸ ਕਰਵਾਇਆ ਜਾਵੇ।

ਚਿੱਠੀਆਂ : ਆਪਣੇ ਮਿੱਤਰ ਜਾਂ ਘਰ ਦੇ ਕਿਸੇ ਮੈਂਬਰ ਨੂੰ ਸਧਾਰਨ ਜਾਣਕਾਰੀ ਜਾਂ ਸੂਚਨਾਂ ਦੇਣ ਵਾਲ਼ੇ ਪੱਤਰ ਲਿਖਣ ਦਾ ਅਭਿਆਸ ਕਰਾਉਣਾ।

ਬਿਨੈ-ਪੱਤਰ : ਵੱਖ-ਵੱਖ ਵਿਸ਼ਿਆਂ ਜਿਵੇਂ ਛੁੱਟੀ ਲੈਣ ਲਈ, ਮੈਚ ਖੇਡਣ ਦੀ ਆਗਿਆ ਲੈਣ ਸੰਬੰਧੀ ਬਿਨੈ-ਪੱਤਰ ਲਿਖਣੇ। ਇਸ ਸ਼੍ਰੇਣੀ ਵਿੱਚ ਚਿੱਠੀਆਂ ਅਤੇ ਬਿਨੈ-ਪੱਤਰ ਦੀ ਗਿਣਤੀ ਲਗ-ਪਗ 8 ਹੋਵੇਗੀ

ਕਹਾਣੀਆਂ : ਦਿੱਤੇ ਸੰਕੇਤਾਂ ਤੋਂ ਕਹਾਣੀ ਲਿਖਣਾਂ ਜਾਂ ਅਧੂਰੀ ਕਹਾਣੀ ਨੂੰ ਪੂਰਾ ਕਰਨਾ। ਅਜਿਹੀਆਂ 5 ਕਹਾਣੀਆਂ ਲਿਖਣ ਜਾਂ ਅਧੂਰੀਆਂ ਕਹਾਣੀਆਂ ਪੂਰੀਆਂ ਕਰਨ ਦਾ ਅਭਿਆਸ ਕਰਵਾਇਆ ਜਾਵੇ।

ਪਾਠ-ਅਭਿਆਸ : ਪਾਠ-ਪੁਸਤਕ ਵਿੱਚੋਂ ਪੁੱਛੇ ਗਏ ਪ੍ਰਸ਼ਨਾਂ ਦੇ ਉੱਤਰ ਦੇਣੇ। ਹਿੰਦੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਹਿੰਦੀ ਵਿੱਚ ਅਨੁਵਾਦ ਕਰਨ ਦਾ ਅਭਿਆਸ ਇਹਨਾਂ ਪਾਠਾਂ ਦੇ ਨਾਲ਼-ਨਾਲ਼ ਕਰਵਾਇਆ ਜਾਵੇ।

ਵਿਆਕਰਨ :

(ੳ) ਵਿਸਰਾਮ-ਚਿੰਨ੍ਹ -ਇਹਨਾਂ ਦੀ ਜਾਣਕਾਰੀ

(ਅ) ਨਾਂਵ, ਪੜਨਾਂਵ, ਕਿਰਿਆ, ਵਿਸ਼ੇਸ਼ਣ - ਇਹਨਾਂ ਨੂੰ ਜਾਣਨਾਥ ਪਾਠਾਂ ਵਿੱਚੋਂ ਪਛਾਣਨਾ ਅਤੇ ਇਹਨਾਂ ਦੀ ਵਰਤੋਂ ਕਰਨੀ।

(ੲ) ਕਾਲ (ਟੈਨਸ) - ਜਾਣਕਾਰੀ ਤੇ ਵਰਤੋਂ।

ਨਿਰਧਾਰਿਤ ਪਾਠ-ਪੁਸਤਕ :

1) **ਪੰਜਾਬੀ ਪਾਠ-ਪੁਸਤਕ-6 (ਦੂਜੀ ਭਾਸ਼ਾ)**
   (ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)